# Telephone conversation between Prime Minister and Prime Minister of Singapore

April 24, 2020

## ਪ੍ਰਧਾਨ ਮੰਤਰੀ ਅਤੇ ਸਿੰਗਾਪੁਰ ਦੇ ਪ੍ਰਧਾਨ ਮੰਤਰੀ ਵਿਚਾਲੇ ਹੋਈ ਟੈਲੀਫੋਨ 'ਤੇ ਗੱਲਬਾਤ

24 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ 23 ਅਪ੍ਰੈਲ 2020 ਨੂੰ ਸਿੰਗਾਪੁਰ ਦੇ ਪ੍ਰਧਾਨ ਮੰਤਰੀ ਮਹਾਮਹਿਮ ਲੀ ਸੀਨ ਲੂੰਗ ਨਾਲ ਟੈਲੀਫੋਨ ਰਾਹੀਂ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ COVID -19 ਮਹਾਂਮਾਰੀ ਤੋਂ ਉਪਜੀਆਂ ਸਿਹਤ ਸੰਬੰਧੀ ਅਤੇ ਆਰਥਿਕ ਚੁਣੌਤੀਆਂ ਬਾਰੇ ਵਿਚਾਰ ਵਟਾਂਦਰੇ ਕੀਤੇ। ਉਨ੍ਹਾਂ ਨੇ ਆਪੋ ਆਪਣੇ ਦੇਸ਼ਾਂ ਵਿੱਚ ਇਸ ਮਹਾਂਮਾਰੀ ਅਤੇ ਇਸ ਦੇ ਆਰਥਿਕ ਅਤੇ ਸਮਾਜਿਕ ਪ੍ਰਭਾਵਾਂ ਨਾਲ ਨਜਿੱਠਣ ਲਈ ਅਪਣਾਏ ਜਾ ਰਹੇ ਉਪਾਵਾਂ ਬਾਰੇ ਇੱਕ ਦੂਜੇ ਨੂੰ ਤਾਜ਼ਾ ਜਾਣਕਾਰੀ ਦਿੱਤੀ।

ਪ੍ਰਧਾਨ ਮੰਤਰੀ ਨੇ ਸਿੰਗਾਪੁਰ ਨੂੰ ਮੈਡੀਕਲ ਸਮਾਨ ਸਮੇਤ ਜ਼ਰੂਰੀ ਵਸਤਾਂ ਦੀ ਸਪਲਾਈ ਬਣਾਈ ਰੱਖਣ ਵਿੱਚ ਹਰ ਮੁਮਕਿਨ ਮਦਦ ਦੇਣ ਦਾ ਵਾਅਦਾ ਕੀਤਾ। ਪ੍ਰਧਾਨ ਮੰਤਰੀ ਨੇ ਸਿੰਗਾਪੁਰ ਵਿੱਚ ਰਹਿ ਰਹੇ ਭਾਰਤੀ ਨਾਗਰਿਕਾਂ ਨੂੰ ਦਿੱਤੀ ਜਾ ਰਹੀ ਮਦਦ ਦੀ ਵੀ ਸ਼ਲਾਘਾ ਕੀਤੀ।

ਦੋਨਾਂ ਆਗੂਆਂ ਨੇ ਮੌਜੂਦਾ ਪ੍ਰਸੰਗ ਵਿੱਚ ਭਾਰਤ-ਸਿੰਗਾਪੁਰ ਰਣਨੀਤਕ ਭਾਈਵਾਲੀ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨੇ COVID -19 ਤੋਂ ਪੈਦਾ ਹੋਈਆਂ ਮੌਜੂਦਾ ਅਤੇ ਭਵਿੱਖ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਮਿਲ ਕੇ ਕੰਮ ਕਰਨ ਉੱਤੇ ਸਹਿਮਤੀ ਜ਼ਾਹਰ ਕੀਤੀ।

ਪ੍ਰਧਾਨ ਮੰਤਰੀ ਨੇ ਮੌਜੂਦਾ ਸੰਕਟ ਵਿੱਚ ਸਿੰਗਾਪੁਰ ਦੇ ਲੋਕਾਂ ਦੀ ਸਿਹਤ ਅਤੇ ਖੈਰੀਅਤ ਲਈ ਆਪਣੀਆਂ ਸ਼ੁੱਭ ਇੱਛਾਵਾਂ ਦਾ ਪ੍ਰਗਟਾਅ ਕੀਤਾ।

ਨਵੀਂ ਦਿੱਲੀ
24 ਅਪ੍ਰੈਲ, 2020

DISCLAIMER: This is an approximate translation. The original is available in English on MEA’s website and may be referred to as the official press release.